# ਸੋਮਵਾਰ  7 ਜਨਵਰੀ 2019 ਤੋਂ ਐਤਵਾਰ 13 ਜਨਵਰੀ 2019 ਤੱਕ

- **9.1.19 ਬੁੱਧਵਾਰ: - 4.30 ਵਜ਼ੇ:-** ਸਾਧ ਸੰਗਤ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ 4.30 ਵਜ਼ੇ ਹੋਣਗੇ , ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ
- **10.1.19 ਵੀਰਵਾਰ:- 6.00 ਵੱਜ਼ੇ:-** ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

**11.1.19 ਸ਼ੁਕਰਵਾਰ:- 10.00 ਵਜ਼ੇ:-** ਸਾਧ ਸੰਗਤ ਵੱਲੋਂ 40 ਮੁਕਤਿਆਂ ਦੇ ਸ਼ਹੀਦੀ ਦੇ ਸਬੰਧ ਵਿੱਚ ਸ੍ਰੀ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ।

**12.1.19 ਸ਼ਨਿਚਰਵਾਰ: - 2.00 ਵੱਜੇ:-** ਸ ਤੇਜਾ ਸਿੰਘ ਸੰਧਰ ਦੇ ਗ੍ਰਹਿ ਵਿੱਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਹੋਣਗੇਅਤੇ ਦੇਗ ਦੀ ਸੇਵਾ ਗੁਰਦਵਾਰਾ ਸਾਹਿਬ ਹੋਵੇਗੀ।

- **13.1.19 ਐਤਵਾਰ:-** ਸੰਗ੍ਰਾਂਦ ਮਾਘ ਦੀ, ਲੋਹੜੀ
- 

**10.00 ਵਜ਼ੇ: -** ਸਾਧ ਸੰਗਤ ਵੱਲੋਂ 40 ਮੁਕਤਿਆਂ ਦੇ ਸ਼ਹੀਦੀ ਦੇ ਸਬੰਧ ਵਿੱਚ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 10.00 ਵਜ਼ੇ ਪੈਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ ਉਪਰੰਤ ਭਾਈ ਹਰਬੰਸ ਸਿੰਘ ਜੋਸ਼ ਦਾ ਜਥਾ ਹਾਜਰੀ ਭਰੇਗਾ।
**12.00 ਵੱਜੇ :-** ਸ ਮਹਿੰਦਰ ਸਿੰਘ ਮਾਨ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰਲੇ ਹਾਲ ਵਿੱਚ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।

- **3.00 ਵੱਜੇ:-** ਸ ਬਿਕ੍ਰਮਜੀਤ ਸਿੰਘ ਥਾਂਦੀ ਅਤੇ ਪਰਿਵਾਰ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।
- **Passport Surgery from 11.00 -1.00 PM**
- **13.1.19 Children of Punjabi School Assembly in Shaheed Udham Singh Hall**
- **18 ਜਨਵਰੀ ਜਨਮ ਦਿਨ ਭਾਈ ਹਿੰਮਤ ਸਿੰਘ ਜੀ**
- **26 ਜਨਵਰੀ ਜਨਮ ਦਿਨ ਬਾਬਾ ਦੀਪ ਸਿੰਘ ਜੀ**
- **31 ਜਨਵਰੀ ਪ੍ਰਕਾਸ਼ ਗੁਰੂ ਹਰਿਰਾਇ ਜੀ**
- **Passport Surgery from 11.30 AM to 13.00 PM**

- ਅਰਥ:- ਮਾਘ ਵਿਚ (ਮਾਘੀ ਵਾਲੇ ਦਿਨ ਲੋਕ ਪ੍ਰਯਾਗ ਆਦਿਕ ਤੀਰਥਾਂ ਤੇ ਇਸ਼ਨਾਨ ਕਰਨਾ ਬੜਾ ਪੁੰਨ ਸਮਝਦੇ ਹਨ, ਪਰ ਤੂੰ ਹੇ ਭਾਈ!) ਗੁਰਮੁਖਾਂ ਦੀ ਸੰਗਤਿ ਵਿਚ (ਬੈਠ, ਇਹੀ ਹੈ ਤੀਰਥਾਂ ਦਾ) ਇਸ਼ਨਾਨ, ਉਹਨਾਂ ਦੀ ਚਰਨ ਧੂੜ ਵਿਚ ਇਸ਼ਨਾਨ ਕਰ (ਨਿਮ੍ਰਤਾ-ਭਾਵ ਨਾਲ ਗੁਰਮੁਖਾਂ ਦੀ ਸੰਗਤਿ ਕਰ, ਉਥੇ) ਪਰਮਾਤਮਾ ਦਾ ਨਾਮ ਜਪ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ, ਹੋਰ ਸਭਨਾਂ ਨੂੰ ਇਹ ਨਾਮ ਦੀ ਦਾਤਿ ਵੰਡ, (ਇਸ ਤਰ੍ਹਾਂ) ਕਈ ਜਨਮਾਂ ਦੇ ਕੀਤੇ ਕਰਮਾਂ ਤੋਂ ਪੈਦਾ ਹੋਈ ਵਿਕਾਰਾਂ ਦੀ ਮੈਲ (ਤੇਰੇ ਮਨ ਤੋਂ) ਲਹਿ ਜਾਇਗੀ, ਤੇਰੇ ਮਨ ਵਿਚੋਂ ਅਹੰਕਾਰ ਦੂਰ ਹੋ ਜਾਇਗਾ ।
- (ਸਿਮਰਨ ਦੀ ਬਰਕਤਿ ਨਾਲ) ਕਾਮ ਵਿਚ ਕ੍ਰੋਧ ਵਿਚ ਨਹੀਂ ਫਸੀਦਾ, ਲੋਭ-ਕੁੱਤਾ ਭੀ ਮੁੱਕ ਜਾਂਦਾ ਹੈ (ਲੋਭ, ਜਿਸ ਦੇ ਅਸਰ ਹੇਠ ਮਨੁੱਖ ਕੁੱਤੇ ਵਾਂਗ ਦਰ ਦਰ ਤੇ ਭਟਕਦਾ ਹੈ) । ਇਸ ਸੱਚੇ ਰਸਤੇ ਉੱਤੇ ਤੁਰਿਆਂ ਜਗਤ ਦੀ ਸੋਭਾ ਕਰਦਾ ਹੈ । ਅਠਾਹਠ ਤੀਰਥਾਂ ਦਾ ਇਸ਼ਨਾਨ, ਸਾਰੇ ਪੁੰਨ ਕਰਮ, ਜੀਵਾਂ ਉੱਤੇ ਦਇਆ ਕਰਨੀ ਜੋ ਧਾਰਮਿਕ ਕੰਮ ਮੰਨੀ ਗਈ ਹੈ (ਇਹ ਸਭ ਕੁਝ ਸਿਮਰਨ ਦੇ ਵਿਚ ਹੀ ਆ ਜਾਂਦਾ ਹੈ) ।
- ਪਰਮਾਤਮਾ ਕਿਰਪਾ ਕਰ ਕੇ ਜਿਸ ਮਨੁੱਖ ਨੂੰ (ਸਿਮਰਨ ਦੀ ਦਾਤਿ) ਦੇਂਦਾ ਹੈ, ਉਹ ਮਨੁੱਖ (ਜ਼ਿੰਦਗੀ ਦੇ ਸਹੀ ਰਸਤੇ ਦੀ ਪਛਾਣ ਵਾਲਾ) ਸਿਆਣਾ ਹੋ ਜਾਂਦਾ ਹੈ ।
- ਹੇ ਨਾਨਕ! (ਆਖ—) ਜਿਨ੍ਹਾਂ ਨੂੰ ਪਿਆਰਾ ਪ੍ਰਭੂ ਮਿਲ ਪਿਆ ਹੈ, ਮੈਂ ਉਹਨਾਂ ਤੋਂ ਸਦਕੇ ਹਾਂ । ਮਾਘ ਮਹੀਨੇ ਵਿਚ ਸਿਰਫ਼ ਉਹੀ ਸੁੱਚੇ ਬੰਦੇ ਆਖੇ ਜਾਂਦੇ ਹਨ, ਜਿਨ੍ਹਾਂ ਉੱਤੇ ਪੂਰਾ ਸਤਿਗੁਰੂ ਦਇਆਵਾਨ ਹੁੰਦਾ ਹੈ (ਤੇ ਜਿਨ੍ਹਾਂ ਨੂੰ ਸਿਮਰਨ ਦੀ ਦਾਤਿ ਦੇਂਦਾ ਹੈ) [12[

# ਸ਼ਹੀਦ ਭਾਈ ਸਤਵੰਤ ਸਿੰਘ ਅਤੇ ਸ਼ਹੀਦ ਭਾਈ ਕਿਹਰ ਸਿੰਘ ਦੇ ਸ਼ਹੀਦੀ ਦਿਵਸ ਮੌਕੇ

ਸ਼ਹੀਦ ਭਾਈ ਸਤਵੰਤ ਸਿੰਘ ਅਤੇ ਸ਼ਹੀਦ ਭਾਈ ਕਿਹਰ ਸਿੰਘ ਦੇ ਸ਼ਹੀਦੀ ਦਿਵਸ ਤੇ

ਜੂਨ, 1984 ਦੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ 37 ਹੋਰ ਇਤਿਹਾਸਕ ਗੁਰਧਾਮਾਂ 'ਤੇ ਟੈਂਕਾਂ-ਤੋਪਾਂ ਨਾਲ ਹਮਲੇ ਨੇ ਸਿੱਖ ਮਾਨਸਿਕਤਾ ਨੂੰ ਬੜਾ ਦੁਖਦਾਈ ਅਨੁਭਵ ਕਰਵਾਇਆ। ਸਿੱਖ ਕੌਮ ਦਾ ਬੱਚਾ-ਬੱਚਾ ਅੱਖਾਂ ਵਿੱਚੋਂ ਹੰਝੂ ਕੇਰਦਾ, ਇਸ ਸਿੱਖੀ ਅਪਮਾਨ ਦਾ ਬਦਲਾ ਲੈਣ ਦੇ ਰੌਂਅ ਵਿੱਚ ਸੀ। 31 ਅਕਤੂਬਰ ਨੂੰ ਗੁਰੂ ਕੇ ਲਾਲਾਂ, ਭਾਈ ਬੇਅੰਤ ਸਿੰਘ, ਭਾਈ ਸਤਵੰਤ ਸਿੰਘ ਨੇ ਦਿੱਲੀ ਸਾਮਰਾਜ ਦੀ ਪਟਰਾਣੀ ਇੰਦਰਾ ਗਾਂਧੀ ਨੂੰ ਉਸ ਦੀ ਬਣਦੀ ਸਜ਼ਾ ਦਿੱਤੀ।

ਇੰਦਰਾ ਗਾਂਧੀ ਦੇ ਨਾਲ ਜਾ ਰਹੇ ਕਿਸੇ ਹੋਰ ਨੂੰ ਕੋਈ ਗੋਲੀ ਨਹੀਂ ਲੱਗੀ, ਕਿਸੇ ਹੋਰ ਬੇਗੁਨਾਹ ਨੂੰ ਨਹੀਂ ਮਾਰਿਆ ਗਿਆ। ਇਹ ਸੀ ਸਿੱਖ ਇਨਸਾਫ਼ ਦਾ ਤਰਾਜੂ (ਤੱਕੜੀ)।

31 ਅਕਤੂਬਰ 1984 ਨੂੰ ਭਾਈ ਬੇਅੰਤ ਸਿੰਘ ਨੇ ਸ਼ਹੀਦੀ ਜਾਮ ਪੀਤਾ ਅਤੇ 6 ਜਨਵਰੀ, 1989 ਨੂੰ ਕੌਮ ਦੇ ਮਹਾਨ ਸੂਰਬੀਰਾਂ ਭਾਈ ਸਤਵੰਤ ਸਿੰਘ ਤੇ ਭਾਈ ਕਿਹਰ ਸਿੰਘ ਨੇ ਤਿਹਾੜ ਜੇਲ੍ਹ ਵਿੱਚ ਹੱਸ-ਹੱਸ ਕੇ ਫਾਂਸੀ ਦੇ ਰੱਸਿਆਂ ਨੂੰ ਆਪਣੇ ਗਲੇ ਵਿੱਚ ਪਾਇਆ।

ਬਜ਼ੁਰਗ ਕਿਹਰ ਸਿੰਘ, ਭਾਈ ਬੇਅੰਤ ਸਿੰਘ ਹੋਰਾਂ ਦੇ ਰਿਸ਼ਤੇਦਾਰ ਸਨ ਤੇ ਭਾਈ ਕੇਹਰ ਸਿੰਘ 'ਤੇ ਦੋਸ਼ ਇਹ ਲਾਇਆ ਗਿਆ ਕਿ ਉਨ੍ਹਾਂ ਨੇ ਭਾਈ ਬੇਅੰਤ ਸਿੰਘ ਨੂੰ ਅੰਮ੍ਰਿਤ ਛਕਣ ਦੀ ਪ੍ਰੇਰਨਾ ਦਿੱਤੀ ਤੇ ਇਸ ਤਰ੍ਹਾਂ ਕਰਕੇ ਭਾਈ ਬੇਅੰਤ ਸਿੰਘ 'ਦਹਿਸ਼ਤਗਰਦ' ਬਣ ਗਿਆ।

ਦੁਨੀਆਂ ਦੇ ਪ੍ਰਮੁੱਖ ਕਾਨੂੰਨਦਾਨਾਂ ਦੀ ਰਾਇ ਸੀ ਕਿ ਭਾਈ ਕਿਹਰ ਸਿੰਘ ਨੂੰ ਫਾਂਸੀ ਬਿਲਕੁਲ ਨਜਾਇਜ਼ ਦਿੱਤੀ ਗਈ ਜਦੋਂ ਕਿ ਉਹਨਾਂ ਦਾ ਇੰਦਰਾ ਗਾਂਧੀ ਕਤਲ ਵਿੱਚ ਕੋਈ ਹੱਥ ਸਾਬਤ ਨਹੀਂ ਸੀ ਹੁੰਦਾ। ਫਿਰ ਵੀ ਭਾਈ ਕਿਹਰ ਸਿੰਘ ਹੋਰਾਂ ਨੇ ਕਮਾਲ ਦਾ ਸਿਦਕ, ਸਬਰ ਦਿਖਾਉਂਦਿਆਂ, ਗੁਰੂ ਦਾ ਭਾਣਾ ਸਮਝ ਕੇ ਹੱਸ ਕੇ ਮੌਤ ਨੂੰ ਗਲ਼ ਨਾਲ ਲਾਇਆ।

ਭਾਈ ਸਤਵੰਤ ਸਿੰਘ ਦਾ ਜ਼ਿਕਰ ਕਰਦਿਆਂ ਅਲੋਕਾਰ ਸੁਹਾਗਣ ਬੀਬੀ ਸੁਰਿੰਦਰ ਕੌਰ ਦਾ ਜ਼ਿਕਰ ਕਰਨਾ ਬੇਹੱਦ ਜ਼ਰੂਰੀ ਹੈ, ਜਿਸ ਦੀ ਮੰਗਣੀ ਭਾਈ ਸਤਵੰਤ ਸਿੰਘ ਹੋਰਾਂ ਨਾਲ ਹੋਈ ਹੋਈ ਸੀ ਜਦੋਂ ਸੂਰਮਿਆਂ ਨੇ ਇਹ ਇਤਿਹਾਸਕ ਕਾਰਨਾਮਾ ਕਰ ਵਿਖਾਇਆ। ਅਕਸਰ ਅਸੀਂ ਸ਼ਹੀਦਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੀਆਂ ਪਤਨੀਆਂ, ਮਾਂਵਾਂ, ਭੈਣਾਂ ਤੇ ਬੇਟੀਆਂ ਦਾ ਜ਼ਿਕਰ ਕਰਨੋਂ ਰਹਿ ਜਾਂਦੇ ਹਾਂ, ਜਿਨ੍ਹਾਂ ਦੀ ਕੁਰਬਾਨੀ ਬਹੁਤ ਵੱਡੀ ਹੋਇਆ ਕਰਦੀ ਹੈ।

ਮਾਤਾ-ਪਿਤਾ, ਸੱਸ-ਸਹੁਰਾ ਤੇ ਧਾਰਮਿਕ ਸਖਸ਼ੀਅਤਾਂ ਵਲੋਂ ਮਨ੍ਹਾਂ ਕਰਨ ਦੇ ਬਾਵਜੂਦ ਬੀਬੀ ਸੁਰਿੰਦਰ ਕੌਰ ਜੀ ਆਪਣੇ ਇਸ ਪ੍ਰਣ 'ਤੇ ਡਟੇ ਰਹੇ ਕਿ ਉਹ ਭਾਈ ਸਤਵੰਤ ਸਿੰਘ ਨੂੰ ਪਤੀ ਮੰਨਦੇ ਹਨ ਅਤੇ ਉਨ੍ਹਾਂ ਦੇ ਨਾਂ 'ਤੇ ਹੀ ਜ਼ਿੰਦਗੀ ਗੁਜ਼ਾਰਨਗੇ।

ਜੇਲ੍ਹ ਅਧਿਕਾਰੀਆਂ ਵਲੋਂ ਵਿਆਹ ਦੀ ਆਗਿਆ ਨਾ ਮਿਲਣ 'ਤੇ ਬੀਬੀ ਜੀ ਨੇ ਭਾਈ ਸਤਵੰਤ ਸਿੰਘ ਦੀ ਫੋਟੋ ਨਾਲ ਚਾਰ ਲਾਵਾਂ ਲੈ ਕੇ ਸਿੱਖ ਇਤਿਹਾਸ ਅੰਦਰ 'ਅਲੋਕਾਰ ਸੁਹਾਗਣ' ਹੋਣ ਦਾ ਮਾਣ ਹਾਸਲ ਕੀਤਾ। ਅੰਤ ਬੀਬੀ ਸੁਰਿੰਦਰ ਕੌਰ ਵੀ ਕੈਂਸਰ ਦੀ ਬਿਮਾਰੀ ਨਾਲ ਜੱਦੋਜਹਿਦ ਕਰਦਿਆਂ ਗੁਰਪੁਰੀ ਸਿਧਾਰ ਗਏ।

ਸ਼ਹੀਦ ਭਾਈ ਸਤਵੰਤ ਸਿੰਘ ਅਤੇ ਸ਼ਹੀਦ ਭਾਈ ਕਿਹਰ ਸਿੰਘ ਦੇ ਸ਼ਹੀਦੀ ਦਿਵਸ ਮੌਕੇ ਖਾਲਸਾ ਪੰਥ ਆਪਣੇ ਮਹਾਨ ਸੂਰਬੀਰਾਂ ਦੀ ਕੁਰਬਾਨੀ ਨੂੰ ਸਿਜਦਾ ਕਰਦਾ ਹੈ।

'ਸ਼ਹੀਦ ਕੀ ਜੋ ਮੌਤ ਹੈ, ਵੋਹ ਕੌਮ ਕੀ ਹਿਆਤ (ਜ਼ਿੰਦਗੀ) ਹੈ।
ਹਿਆਤ ਤੋ ਹਿਆਤ ਹੈ, ਮੌਤ ਭੀ ਹਿਆਤ ਹੈ।'

– ਚੜ੍ਹਦੀ ਕਲਾ ਦੀ ਸੰਪਾਦਕੀ 'ਚੋਂ

Via Gurpreet Singh Sahota